**ਸਖੀ ਨਾਲਿ ਵਸਾ ਅਪੁਨੇ ਨਾਹ ਪਿਆਰੇ ਮੇਰਾ ਮਨੁ ਤਨੁ ਹਰਿ ਸੰਗਿ ਹਿਲਿਆ ॥ ਸੁਣਿ ਸਖੀਏ ਮੇਰੀ ਨੀਦ ਭਲੀ ਮੈ ਆਪਨੜਾ ਪਿਰੁ ਮਿਲਿਆ ॥ ਭ੍ਰਮੁ ਖੋਇਓ ਸਾਂਤਿ ਸਹਜਿ ਸੁਆਮੀ ਪਰਗਾਸੁ ਭਇਆ ਕਉਲੁ ਖਿਲਿਆ ॥ ਵਰੁ ਪਾਇਆ ਪ੍ਰਭੁ ਅੰਤਰਜਾਮੀ ਨਾਨਕ ਸੋਹਾਗੁ ਨ ਟਲਿਆ ॥੪॥੪॥੨॥੫॥੧੧॥ {ਪੰਨਾ 249}**

ਪਦਅਰਥ:- ਸਖੀ—ਹੇ ਸਹੇਲੀਏ! (ਹੇ ਸਤਿਸੰਗੀ ਸੱਜਣ!)। ਵਸਾ—ਵਸਾਂ, ਮੈਂ ਵੱਸਦੀ ਹਾਂ। ਅਪੁਨੇ ਨਾਹ ਨਾਲਿ—ਆਪਣੇ ਖਸਮ ਨਾਲ। ਸੰਗਿ—ਨਾਲ। ਹਿਲਿਆ—ਗਿੱਝ ਗਿਆ ਹੈ। ਭ੍ਰਮੁ—ਭਟਕਣਾ। ਸਹਜਿ—ਆਤਮਕ ਅਡੋਲਤਾ ਵਿਚ। ਪਰਗਾਸੁ—ਚਾਨਣ। ਖਿਲਿਆ—ਖਿੜ ਪਿਆ ਹੈ। ਵਰੁ—ਖਸਮ। ਅੰਤਰਜਾਮੀ—ਸਭ ਦੇ ਦਿਲ ਦੀ ਜਾਣਨ ਵਾਲਾ। ਸੋਹਾਗੁ—ਚੰਗਾ ਭਾਗ {sOBwÀX}।4।

ਅਰਥ:- ਹੇ ਸਹੇਲੀਏ! (ਸਾਧ ਸੰਗਤਿ ਦੀ ਬਰਕਤਿ ਨਾਲ ਹੁਣ) ਮੈਂ (ਸਦਾ) ਆਪਣੇ ਖਸਮ-ਪ੍ਰਭੂ ਨਾਲ ਵੱਸਦੀ ਹਾਂ, ਮੇਰਾ ਮਨ ਉਸ ਹਰੀ ਨਾਲ ਗਿੱਝ ਗਿਆ ਹੈ, ਮੇਰਾ ਤਨ (ਹਿਰਦਾ) ਉਸ ਹਰੀ ਨਾਲ ਇਕ-ਮਿੱਕ ਹੋ ਗਿਆ ਹੈ। ਹੇ ਸਹੇਲੀਏ! ਸੁਣ, (ਹੁਣ) ਮੈਨੂੰ ਨੀਂਦ ਭੀ ਪਿਆਰੀ ਲੱਗਦੀ ਹੈ, (ਕਿਉਂਕਿ ਸੁਪਨੇ ਵਿਚ ਭੀ) ਮੈਨੂੰ ਆਪਣਾ ਪਿਆਰਾ ਪਤੀ ਮਿਲ ਪੈਂਦਾ ਹੈ। ਉਸ ਮਾਲਕ-ਪ੍ਰਭੂ ਨੇ ਮੇਰੀ ਭਟਕਣਾ ਦੂਰ ਕਰ ਦਿੱਤੀ ਹੈ, ਮੇਰੇ ਅੰਦਰ ਹੁਣ ਸ਼ਾਂਤੀ ਬਣੀ ਰਹਿੰਦੀ ਹੈ, ਮੈਂ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹਾਂ, (ਮੇਰੇ ਅੰਦਰ ਉਸ ਦੀ ਜੋਤਿ ਦਾ) ਚਾਨਣ ਹੋ ਗਿਆ ਹੈ (ਜਿਵੇਂ ਸੂਰਜ ਦੀਆਂ ਕਿਰਨਾਂ ਨਾਲ)) ਕੌਲ-ਫੁੱਲ ਖਿੜ ਪੈਂਦਾ ਹੈ (ਤਿਵੇਂ ਉਸ ਦੀ ਜੋਤਿ ਦੇ ਚਾਨਣ ਨਾਲ ਮੇਰਾ ਹਿਰਦਾ ਖਿੜਿਆ ਰਹਿੰਦਾ ਹੈ)।

ਹੇ ਨਾਨਕ! (ਆਖ—ਹੇ ਸਹੇਲੀਏ! ਸਾਧ ਸੰਗਤਿ ਦੀ ਬਰਕਤਿ ਨਾਲ) ਮੈਂ ਅੰਤਰਜਾਮੀ ਪ੍ਰਭੂ-ਖਸਮ ਲੱਭ ਲਿਆ ਹੈ, ਤੇ (ਮੇਰੇ ਸਿਰ ਦਾ) ਇਹ ਸੁਹਾਗ ਕਦੇ ਦੂਰ ਹੋਣ ਵਾਲਾ ਨਹੀਂ।4। 4।2।5।11।

ਨੋਟ:- ਮ: 5 ਦੇ ਛੰਤ — 4

. . . . ਮ: 1 ਦੇ ਛੰਤ — 2

. . . . ਮ: 3 ਦੇ ਛੰਤ — 5

. . . . . . . . . . . . ———

. . . . . . . ਜੋੜ . . . . 11